੧ੳ ਸਤਿਗੁਰ ਪ੍ਰਸਾਦਿ

# ਸੱਚ-ਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਜੀ ਦੀ ੧੮ ਅਗਸਤ ਤੋਂ ੧੭ ਅਕਤੂਬਰ ਤੀਕ ਪਵਿੱਤਰ ਮਰਯਾਦਾ

| | |
|---|---|
| • ਕਿਵਾੜ ਖੁਲ੍ਹਣ ਦਾ ਸਮਾਂ | ੨-੩੦ ਵਜੇ ਅੰਮ੍ਰਿਤ ਵੇਲੇ |
| • ਕੀਰਤਨ ਆਰੰਭ ਅੰਮ੍ਰਿਤ ਵੇਲੇ | ੨-੩੦ ਵਜੇ ਅੰਮ੍ਰਿਤ ਵੇਲੇ |
| • ਆਸਾ ਦੀ ਵਾਰ ਦਾ ਕੀਰਤਨ ਆਰੰਭ | ੩-੩੦ ਵਜੇ ਸਵੇਰੇ |
| • ਪਾਲਕੀ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲਣ ਦਾ ਸਮਾਂ | ੪-੩੦ ਵਜੇ ਸਵੇਰੇ |
| • ਪਹਿਲਾ ਹੁਕਮਨਾਮਾ | ੫-੦੦ ਵਜੇ ਸਵੇਰੇ |
| • ਪਹਿਲੀ ਅਰਦਾਸ | ੫-੩੦ ਵਜੇ ਸਵੇਰੇ |
| • ਸ੍ਰੀ ਆਸਾ ਜੀ ਦੀ ਵਾਰ ਦੀ ਸਮਾਪਤੀ | ੬-੩੦ ਵਜੇ ਸਵੇਰੇ |
| • ਦੂਸਰੀ ਅਰਦਾਸ ਤੇ ਹੁਕਮਨਾਮਾ | ੬-੪੫ ਵਜੇ ਤੱਕ ਸਵੇਰੇ |
| • ਸ਼ਾਮ ਨੂੰ ਸੋਦਰੁ, ਰਹਰਾਸਿ ਸਾਹਿਬ ਦਾ ਪਾਠ ਸੂਰਜ ਛਿਪਣ ਉਪ੍ਰੰਤ ਸ਼ੁਰੂ ਹੁੰਦਾ ਹੈ | |
| • ਹੁਕਮਨਾਮਾ ਰਾਤ ਨੂੰ ਸਮਾਪਤੀ ਸਮੇਂ | ੧੦-੦੦ ਵਜੇ ਰਾਤ |
| • ਸ੍ਰੀ ਹਰਿਮੰਦਰ ਸਾਹਿਬ ਤੋਂ ਪਾਲਕੀ ਸਾਹਿਬ ਚੱਲਣ ਦਾ ਸਮਾਂ | ੧੦-੧੫ ਵਜੇ ਰਾਤ |
| • ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚਣ ਦਾ ਸਮਾਂ | ੧੦-੩੦ ਵਜੇ ਰਾਤ |

- ਸ੍ਰੀ ਹਰਿਮੰਦਰ ਸਾਹਿਬ ਜੀ ਦੇ ਕਿਵਾੜ ਖੁਲ੍ਹਣ ਤੋਂ ਲੈ ਕੇ ਸਮਾਪਤੀ ਤੱਕ ਅਖੰਡ ਕੀਰਤਨ ਹੁੰਦਾ ਰਹਿੰਦਾ ਹੈ।
- ਰਾਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਜਾਣ ਉਪਰੰਤ ਇਕ ਘੰਟਾ ਸੇਵਾ ਤੇ ਸਫਾਈ ਆਦਿ ਉਪਰੰਤ ਇਸ਼ਨਾਨ ਕਰਾਉਣ ਦੀ ਸੇਵਾ ਸ਼ਰਧਾਲੂ, ਸੇਵਾਦਾਰਾਂ ਦੇ ਸਹਿਯੋਗ ਨਾਲ ਕਰਦੇ ਹਨ।
- ਇਸ਼ਨਾਨ ਸਮੇਂ ਮਿਲ ਕੇ ਪ੍ਰੇਮੀ ਇਸ਼ਨਾਨ ਕਰਾਉਂਦੇ ਹਨ ਅਤੇ ਨਾਲ ਬੜੇ ਹੀ ਪ੍ਰੇਮ ਸਹਿਤ ਰਸ-ਭਿੰਨੀ ਸੁਰ ਵਿਚ ਗੁਰਬਾਣੀ ਦੇ ਸ਼ਬਦ ਗਾਇਨ ਕਰਦੇ ਹਨ। ਇਸ਼ਨਾਨ ਆਦਿ ਦੀ ਸੇਵਾ ਕਰਾਉਣ ਉਪਰੰਤ ਵਿਛਾਈਆਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਿੰਘਾਸਨ ਸਜਾ ਕੇ ਅਰਦਾਸ ਹੁੰਦੀ ਹੈ ਤੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਦੀ ਹੈ।
- ਫਿਰ ਤਿੰਨ-ਪਹਿਰੇ ਦੀ ਚੌਂਕੀ ਦਾ ਕੀਰਤਨ ਹੁੰਦਾ ਹੈ।
- ਸ੍ਰੀ ਹਰਿਮੰਦਰ ਸਾਹਿਬ ਜੀ ਦੀ ਵਿਚਾਲੇ ਦੀ ਛੱਤ ਅਤੇ ਗੁੰਬਦ ਵਿਚ ਹਰ ਵਕਤ ਅਖੰਡ ਪਾਠ ਚਲਦੇ ਹਨ, ਜਿਨ੍ਹਾਂ ਦਾ ਵਾਰੀ ਨਾਲ ਰੋਜ਼ਾਨਾ ਇਕ ਅਖੰਡ ਪਾਠ ਦਾ ਭੋਗ ਪੈਂਦਾ ਹੈ।